## ਦਫ਼ਤਰ ਉਪ ਮੰਡਲ ਮੈਜਿਸਟਰੇਟ-ਕਮ-ਚੋਣਕਾਰ ਰਜਿਸਟਰੇਸ਼ਨ ਅਫਸਰ

### 090-ਰਾਮਪੁਰਾ ਫੂਲ ਵਿਧਾਨ ਸਭਾ ਚੋਣ ਹਲਕਾ

**OFFICE OF THE SUB DIVISIONAL MAGISTRATE-Cum-ELECTORAL REGISTRATION OFFICE**
**90-RAMPURA PHUL A.C.**

Phone No.01651-248225 Fax No. 01651-248025 E-mail: ero90rampuraphul@gmail.com

ਜਿੰਮੇਵਾਰ ਬਣੋ, ਵੋਟਰ ਬਣੋ — ਜਿੰਮੇਵਾਰ ਬਣੋ, ਵੋਟਰ ਬਣੋ

ਵੱਲ,

ਸਮੂਹ ਵਿਭਾਗਾਂ ਦੇ ਮੁੱਖੀ,
090 ਰਾਮਪੁਰਾ ਫੂਲ

ਪੱਤਰ ਨੰ:1733ਚੋਣ ਸ਼ਾਖਾ — ਮਿਤੀ- 11.6.26

**ਵਿਸ਼ਾ:- Special Intensive Revision-2026 ਦੇ ਸੰਬੰਧ ਵਿੱਚ ਅਧਿਕਾਰੀਆਂ/ਕਰਮਚਾਰੀਆਂ ਨੂੰ ਫ਼ਾਰਗ ਕਰਨ ਬਾਰੇ।**

ਉਪਰੋਕਤ ਵਿਸ਼ੇ ਦੇ ਸੰਬੰਧ ਵਿੱਚ ਆਪ ਨੂੰ ਲਿਖਿਆ ਜਾਂਦਾ ਹੈ ਕਿ ਭਾਰਤ ਚੋਣ ਕਮਿਸ਼ਨ ਅਤੇ ਮੁੱਖ ਚੋਣ ਅਫ਼ਸਰ ਪੰਜਾਬ ਜੀ ਵੱਲੋਂ Special Intensive Revision-2026 ਦਾ ਐਲਾਨ ਹੋ ਚੁੱਕਾ ਹੈ। ਜਿਸ ਸੰਬੰਧੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਇਸ ਸੰਬੰਧੀ ਚੱਲ ਰਹੇ ਅਹਿਮ ਕੰਮਾ ਨੂੰ ਸੁਚਾਰੂ ਅਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਆਪ ਨੂੰ ਲਿਖਿਆ ਜਾਂਦਾ ਹੈ ਕਿ ਜਿੰਨ੍ਹਾਂ ਅਧਿਕਾਰੀਆਂ/ਕਰਮਚਾਰੀਆਂ ਦੀ ਡਿਊਟੀ ਨਿਮਨਹਸਤਾਖਰ ਦੇ ਹਲਕੇ ਅਧੀਨ ਬਤੌਰ ਬੀ.ਐਲ.ਓ/ਸੁਪਰਵਾਈਜ਼ਰ ਆਦਿ ਸੰਬੰਧੀ ਲੱਗੀ ਹੋਈ ਹੈ, ਉਨ੍ਹਾਂ ਅਧਿਕਾਰੀਆਂ/ਕਰਮਚਾਰੀਆਂ ਨੂੰ ਮਿਤੀ: 15.06.2026 ਤੋ ਅਗਲੇ ਹੁਕਮਾਂ ਤੱਕ ਫ਼ਾਰਗ ਕੀਤਾ ਜਾਵੇ ਤਾਂ ਜੋ ਇਸ ਹਲਕੇ ਅਧੀਨ ਚੱਲ ਰਹੇ ਕੰਮ ਜਿਵੇਂ Pre-SIR Mapping/Clearance of Anomalies/ Special Intensive Revision-2026 ਨੂੰ ਹਦਾਇਤਾਂ ਅਨੁਸਾਰ ਨਿਰਵਿਘਨ ਨੇਪਰੇ ਚਾੜ੍ਹਿਆ ਜਾ ਸਕੇ।

<u>**ਇੰਨ੍ਹਾਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ। ਕਿਸੇ ਕਿਸਮ ਦੀ ਦੇਰੀ ਦੀ ਸੂਰਤ ਵਿੱਚ ਲੋਕ ਪ੍ਰਤੀਨਿਧਤਾ ਐਕਟ 1950 ਦੀ ਧਾਰਾ 32 ਤਹਿਤ ਅਨੁਸ਼ਾਸਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।**</u>

ਚੋਣਕਾਰ ਰਜਿਸਟਰੇਸ਼ਨ ਅਫ਼ਸਰ,
090 ਰਾਮਪੁਰਾ ਫੂਲ

ਪਿੱਠ ਅੰਕਣ ਨੰ: — ਮਿਤੀ: 11.6.26

ਇਸ ਦਾ ਇੱਕ ਉਤਾਰਾ: 1734-36

1.ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਬਠਿੰਡਾ ਜੀ ਪਾਸ ਸੂਚਨਾ ਹਿੱਤ।

2.ਸੰਬੰਧਿਤ ਸੁਪਰਵਾਈਜ਼ਰ/ਬੀ.ਐਲ.ਓ ਨੂੰ ਭੇਜਕੇ ਹਦਾਇਤ ਕੀਤੀ ਜਾਂਦੀ ਹੈ ਕਿ ਉਕਤ ਅਨੁਸਾਰ ਚੋਣਾਂ ਸੰਬੰਧੀ ਚੱਲ ਰਹੇ ਅਹਿਮ ਕੰਮਾਂ ਨੂੰ ਸਮੇਂ ਸਿਰ ਮੁਕੰਮਲ ਕੀਤਾ ਜਾਵੇ ਅਤੇ ਇਸ ਦਫ਼ਤਰ ਵੱਲੋਂ ਪ੍ਰਾਪਤ ਹੋਣ ਵਾਲੀਆਂ ਹਦਾਇਤਾਂ ਅਨੁਸਾਰ ਮੰਗੀਆਂ ਜਾਂਦੀਆ ਰਿਪੋਰਟਾਂ ਨੂੰ ਸਮੇਂ ਸਿਰ ਇਸ ਦਫ਼ਤਰ ਪਾਸ ਭੇਜਿਆ ਜਾਵੇ ਅਤੇ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਚੱਲ ਰਹੀ ਵੋਟਰ ਸੂਚੀਆਂ ਦੀ ਮੈਪਿੰਗ ਦੇ ਅਹਿਮ ਕੰਮ ਨੂੰ ਨਾਲੋ ਨਾਲ ਕਰਨਾ ਯਕੀਨੀ ਬਣਾਇਆ ਜਾਵੇ।

3. ਸੰਬੰਧਿਤ ਮਾਸਟਰ ਟ੍ਰੇਨਰਾ ਬੀ.ਐਲ.ਓ. ਨੂੰ ਭੇਜ ਕੇ ਹਦਾਇਤ ਕੀਤੀ ਜਾਂਦੀ ਹੈ ਕਿ SIR-2026 ਸਬੰਧੀ ਬੀ.ਐਲ.ਓਜ਼/ਸੁਪਰਵਾਈਜਰਾਂ ਨੂੰ ਆ ਰਹੀਆਂ ਮੁਸ਼ਕਿਲਾਂ ਸੰਬੰਧੀ ਸਮੇਂ -ਸਮੇਂ ਤੇ ਤਾਲਮੇਲ ਕਰਕੇ SIR-2026 ਦੇ ਕੰਮ ਨੂੰ ਨਿਰਵਿਘਨ ਨੇਪਰੇ ਚਾੜ੍ਹਿਆ ਜਾਵੇ ਜੀ।

ਚੋਣਕਾਰ ਰਜਿਸਟਰੇਸ਼ਨ ਅਫ਼ਸਰ,
090 ਰਾਮਪੁਰਾ ਫੂਲ

**ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)ਬਠਿੰਡਾ**

ਪਿਠ ਅੰਕਣ ਨੰ ਜੀ-1/1 ()2026/ 1108 — ਮਿਤੀ : 30.06.26

ਉਕਤ ਦਾ ਉਤਾਰਾ ਸਮੂਹ ਸਕੂਲ ਮੁਖੀਆਂ ਨੂੰ , ਸੂਚਨਾ ਅਤੇ ਅਗਲੇਰੀ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ

30/06/26

ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.)
ਬਠਿੰਡਾ